# ਪੰਜਾਬੀ ਭਾਸ਼ਾ ਪਾਸਾਰ ਭਾਈਚਾਰਾ

**ਤਹਿਸੀਲ ਇਕਾਈ** ............

ਹਵਾਲਾ ਨੰ:..........................

ਮਿਤੀ :...............................

**ਬੇਨਤੀ ਪੱਤਰ**

ਸੇਵਾ ਵਿਖੇ

ਉਪ ਮੰਡਲ ਮੈਜਿਸਟ੍ਰੇਟ

---------------

ਵਿਸ਼ਾ: ਪੰਜਾਬ ਸਰਕਾਰ ਦੇ ਪ੍ਰਸ਼ਾਸਨਿਕ ਦਫ਼ਤਰਾਂ ਵਿਚ ਹੁੰਦੇ ਸਾਰੇ ਦਫ਼ਤਰੀ ਕੰਮ-ਕਾਜ ਨੂੰ ਪੰਜਾਬੀ ਭਾਸ਼ਾ ਵਿਚ ਕੀਤੇ ਜਾਣ ਨੂੰ ਯਕੀਨੀ ਬਣਾਉਣ

ਅਤੇ

ਸਰਕਾਰ ਦੀਆਂ ਵੈਬਸਾਈਟਾਂ ਵਿਚ ਉਪਲਬਧ ਕਰਵਾਈ ਗਈ ਸੂਚਨਾ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਵਿਚ ਉਪਲਬਧ ਕਰਾਉਣ ਲਈ ਬੇਨਤੀ।

ਸ੍ਰੀ ਮਾਨ ਜੀ,

ਆਪ ਜੀ ਦੇ ਧਿਆਨ ਵਿਚ ਹੀ ਹੈ ਕਿ ਪੰਜਾਬ ਸਰਕਾਰ ਵੱਲੋਂ ਸਾਲ 1967 ਵਿਚ ਪੰਜਾਬੀ ਭਾਸ਼ਾ ਨੂੰ ਰਾਜ ਭਾਸ਼ਾ ਦਾ ਦਰਜਾ ਦਿੱਤਾ ਗਿਆ ਸੀ। ਫੇਰ ਸਾਲ 2008 ਵਿਚ ਇਸ ਕਾਨੂੰਨ ਵਿਚ ਸੋਧ ਕਰਕੇ ਅਤੇ ਧਾਰਾ 3(ਅ) ਜੋੜ ਕੇ, ਪੰਜਾਬ ਸਰਕਾਰ ਦੇ ਸਾਰੇ ਦਫ਼ਤਰਾਂ ਅਤੇ ਸਰਕਾਰੀ ਅਦਾਰਿਆਂ ਵਿਚ, 'ਸਾਰਾ ਕੰਮ-ਕਾਜ ਪੰਜਾਬੀ ਵਿਚ' ਕਰਨਾ ਜ਼ਰੂਰੀ ਕੀਤਾ ਗਿਆ।

ਪੰਜਾਬੀ ਭਾਸ਼ਾ ਦੇ ਹਿਤਾਇਸ਼ੀਆਂ ਦੇ ਜ਼ੋਰ ਪਾਉਣ ਤੇ ਪੰਜਾਬ ਸਰਕਾਰ ਨੇ 05 ਸਤੰਬਰ 2018 ਨੂੰ ਇਕ ਨਵਾਂ ਹੁਕਮ ਜਾਰੀ ਕਰਕੇ, ਕਾਨੂੰਨ ਦੀਆਂ ਇਹਨਾਂ ਵਿਵਸਥਾਵਾਂ ਦੀ ਸਖਤੀ ਨਾਲ ਪਾਲ਼ਣਾ ਕਰਨ ਦੀ ਹਦਾਇਤ ਕੀਤੀ। ਇਸੇ ਹੁਕਮ ਰਾਹੀਂ ਵਿਭਾਗਾਂ ਦੇ ਮੁਖੀਆਂ ਨੂੰ ਹਦਾਇਤ ਕੀਤੀ ਗਈ ਕਿ ਉਹ ਆਪਣੀਆਂ ਵੈਬਸਾਈਟਾਂ ਵਿਚ ਉਪਲਬਧ ਕਰਾਈ ਗਈ ਸੂਚਨਾ ਵਿਚ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਭਾਸ਼ਾ ਦੀ ਵਰਤੋਂ ਵੀ ਕਰਨ।

ਸਰਕਾਰ ਦਾ ਪੰਜਾਬੀ ਭਾਸ਼ਾ ਪ੍ਰਤੀ ਇਹ ਸਮੱਰਪਣ ਸ਼ਲਾਘਾ ਯੋਗ ਹੈ।

ਹੁਣ ਸਰਕਾਰੀ ਅਧਿਕਾਰੀਆਂ ਦੀ ਜ਼ਿੰਮੇਵਾਰੀ ਹੈ ਕਿ ਉਹ ਮਾਂ ਬੋਲੀ ਪੰਜਾਬੀ ਦਾ ਕਰਜ਼ ਉਤਾਰਨ ਲਈ ਪੰਜਾਬ ਸਰਕਾਰ ਦੀਆਂ ਇਹਨਾਂ ਹਦਾਇਤਾਂ ਨੂੰ ਦਿਲੋਂ ਅਤੇ ਇੰਨ-ਬਿੰਨ ਲਾਗੂ ਕਰਨ।

ਖੇਦ ਨਾਲ ਆਪ ਜੀ ਦੇ ਧਿਆਨ ਵਿਚ ਇਹ ਲਿਆਂਦਾ ਜਾ ਰਿਹਾ ਹੈ ਕਿ ਆਪਣੇ ਜ਼ਿਲ੍ਹੇ ਦੇ ਕੁਝ ਸਰਕਾਰੀ ਦਫ਼ਤਰਾਂ ਨੇ ਹਾਲੇ ਤੱਕ ਕਾਨੂੰਨ ਦੀਆਂ ਉਕਤ ਵਿਵਸਥਾਵਾਂ ਅਤੇ ਸਰਕਾਰ ਦੇ ਨਵੇਂ ਹੁਕਮ ਦੀ ਇੰਨ-ਬਿੰਨ ਪਾਲਣਾ ਕਰਨੀ ਸ਼ੁਰੂ ਨਹੀਂ ਕੀਤੀ। ਪੰਜਾਬੀ ਭਾਸ਼ਾ ਪਸਾਰ ਭਾਈਚਾਰੇ ਵੱਲੋਂ ਅਜਿਹੇ ਦਫ਼ਤਰਾਂ ਦੀ ਸੂਚੀ ਤਿਆਰ ਕੀਤੀ ਗਈ ਹੈ

(ੳ) ਜਿਨ੍ਹਾਂ ਵਿਚ ਸਾਰਾ ਦਫ਼ਤਰੀ ਕੰਮ-ਕਾਜ ਪੰਜਾਬੀ ਭਾਸ਼ਾ ਵਿਚ ਹੋਣਾ ਸ਼ੁਰੂ ਨਹੀਂ ਹੋਇਆ ਅਤੇ (ਅ) ਜਿਨ੍ਹਾਂ ਨੇ ਹਾਲੇ ਤੱਕ ਆਪਣੀ ਵੈਬਸਾਈਟ ਤੇ ਉਪਲਬਧ ਕਰਵਾਈ ਗਈ ਸੂਚਨਾ ਨੂੰ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਵਿਚ ਉਪਲਬਧ ਨਹੀਂ ਕਰਵਾਇਆ। ਇਹ ਸੂਚੀ ਬੇਨਤੀ ਪੱਤਰ ਨਾਲ ਨੱਥੀ ਕੀਤੀ ਜਾਂਦੀ ਹੈ।

ਇਸ ਬੇਨਤੀ ਪੱਤਰ ਰਾਹੀਂ 'ਪੰਜਾਬੀ ਭਾਸ਼ਾ ਪਸਾਰ ਭਾਈਚਾਰੇ' ਦੀ ਤਹਿਸੀਲ ਇਕਾਈ ਆਪ ਜੀ ਨੂੰ ਬੇਨਤੀ ਕਰਦੀ ਹੈ ਕਿ ਆਪ ਇਸ ਬੇਨਤੀ ਪੱਤਰ ਨਾਲ ਨੱਥੀ ਸੂਚੀ ਵਿਚ ਦਰਜ ਦਫ਼ਤਰਾਂ ਵਿਚ ਹੁੰਦੇ ਕੰਮ-ਕਾਜ ਦੀ ਪੜਤਾਲ ਕਰਵਾ ਕੇ, ਕਸੂਰਵਾਰ ਅਧਿਕਾਰੀਆਂ ਦੀ ਸ਼ਨਾਖ਼ਤ ਕਰਵਾ ਕੇ ਉਨ੍ਹਾਂ ਵਿਰੁੱਧ ਬਣਦੀ ਸਜ਼ਾ ਦੀ ਸਿਫ਼ਾਰਸ਼ ਕਰੋ ਤਾਂ ਜੋ ਮਾਂ ਬੋਲੀ ਪੰਜਾਬੀ ਨੂੰ ਸਹੀ ਅਰਥਾਂ ਵਿਚ ਰਾਜ ਭਾਸ਼ਾ ਦਾ ਦਰਜਾ ਮਿਲ ਸਕੇ।

ਉਸਾਰੂ ਹੁੰਘਾਰੇ ਦੀ ਉਡੀਕ ਵਿਚ।

ਪੰਜਾਬੀ ਭਾਸ਼ਾ ਦੇ ਹਿਤੂ

1.

2.

3.